# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਅਸਤੀਫ਼ਾ ਸੌਂਪ ਦਿੱਤਾ ਏ।

- ਪੰਜਾਬ ਪੁਲਿਸ ਨੇ ਵੱਡੀ ਸਫਲਤਾ ਹਾਸਿਲ ਕਰਦਿਆਂ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਇੰਡੋਨੇਸ਼ੀਆ ਦੇ ਜਕਾਰਤਾ ਤੋਂ ਪੰਜਾਬ ਦੇ ਇੱਕ ਭਗੌੜੇ ਗੈਂਗਸਟਰ ਨੂੰ ਭਾਰਤ ਵਾਪਿਸ ਡਿਪੋਰਟ ਕਰਾਇਆ ਏ.

- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਨਾਗਰਿਕ ਨੂੰ

ਆਪਣੇ ਘਰ ਦੇ ਨੇੜੇ ਹੀ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਕਰਾਉਣ ਯਕੀਨੀ ਬਣਾਉਣਾ ਏ .

- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ ਵਿੱਚ ਕੁਝ ਥਾਵਾਂ 'ਤੇ ਭਾਰੀ ਮੀਂਹ ਪੈਣ ਦੀ ਉਮੀਦ ਜਤਾਈ ਏ।

- ਗਲਾਸਗੋ ਵਿੱਚ ਰਾਸ਼ਟਰਮੰਡਲ ਖੇਡਾਂ ਵਿੱਚ ਭਾਰਤ ਲਈ ਪਹਿਲਾ ਤਮਗਾ ਜਿੱਤਦਿਆਂ, ਝੰਡੂ ਕੁਮਾਰ ਨੇ ਮਰਦਾਂ ਦੇ ਹੈਵੀਵੇਟ ਪੈਰਾ-ਵੇਟਲਿਫਟਿੰਗ ਮੁਕਾਬਲੇ ਵਿੱਚ ਕਾਂਸੀ ਦਾ ਤਮਗਾ ਹਾਸਿਲ ਕੀਤਾ।

## ***ਹੁਣ ਖਬਰਾਂ ਵਿਸਥਾਰ ਨਾਲ***

ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਅਸਤੀਫ਼ਾ ਸੌਂਪ ਦਿੱਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਉਹ ਪਿਛਲੇ ਦਸ ਦਿਨਾਂ ਤੋਂ ਵਿਦਿਆਰਥੀਆਂ ਦੇ ਵਿਰੋਧ ਮੁਜ਼ਾਹਰਿਆਂ ਤੋਂ ਪੈਦਾ ਹੋਈ ਸਥਿਤੀ ਤੋਂ ਦੁਖੀ ਨੇ ਅਤੇ ਇਹ ਉਨ੍ਹਾਂ ਲਈ ਨਿੱਜੀ ਵੱਕਾਰ ਦਾ ਮਾਮਲਾ ਨਹੀਂ ਏ। ਸ੍ਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨੂੰ ਆਪਣਾ ਅਸਤੀਫ਼ਾ ਸੌਂਪਣ ਦਾ ਫੈਸਲਾ ਕੀਤਾ ਏ ਤਾਂ ਜੋ ਦੇਸ਼ ਵਿਰੋਧੀ ਤਾਕਤਾਂ, ਜੰਤਰ-ਮੰਤਰ ਅਤੇ ਦੇਸ਼ ਭਰ ਵਿੱਚ, ਮੌਜੂਦਾ ਸਥਿਤੀ ਦਾ ਫਾਇਦਾ ਨਾ ਉਠਾ ਸਕਣ, ਅਤੇ ਇਹ

ਯਕੀਨੀ ਬਣਾਇਆ ਜਾ ਸਕੇ ਕਿ ਕਿਸੇ ਵੀ ਵਿਦਿਆਰਥੀ ਦਾ ਭਵਿੱਖ, ਕਾਨੂੰਨੀ ਪੇਚੀਦਗੀਆਂ ਵਿੱਚ ਨਾ ਫਸੇ। ਸ੍ਰੀ ਧਰਮਿੰਦਰ ਪ੍ਰਧਾਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਮਾਰਗਦਰਸ਼ਨ, ਵਿਸ਼ਵਾਸ ਅਤੇ ਨਿਰੰਤਰ ਹਮਾਇਤ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੇਵਾ ਕਰਨਾ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਭ ਤੋਂ ਵੱਡੀ ਤਰਜੀਹ ਏ ਅਤੇ ਉਹ ਹਮੇਸ਼ਾ ਇਸ ਪ੍ਰਤੀ ਸਮਰਪਿਤ ਰਹਿਣਗੇ । ਸ੍ਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਨੇ ਪਹਿਲੇ ਦਿਨ ਤੋਂ ਹੀ ਪੂਰੀ ਜ਼ਿੰਮੇਵਾਰੀ ਲਈ ਅਤੇ ਇਸ ਸਥਿਤੀ ਤੋਂ ਕਦੇ ਵੀ ਪਿੱਛੇ ਨਹੀਂ ਹਟੇ। ਉਨ੍ਹਾਂ ਕਿਹਾ ਕਿ ਜ਼ਿੰਮੇਵਾਰ ਅਹੁਦਿਆਂ 'ਤੇ ਬੈਠੇ ਕੁਝ ਵਿਅਕਤੀਆਂ ਨੇ ਰੁਕਾਵਟਾਂ ਪੈਦਾ ਕਰਨ ਅਤੇ ਵਿਦਿਆਰਥੀਆਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਇਸ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ।

---------------------------------------------------------------

ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਪੰਜਾਬ ਵਿੱਚ ਕਥਿਤ ਪੇਪਰ ਲੀਕ ਮਾਮਲਿਆਂ ਨੂੰ ਲੈ ਕੇ ਪੰਜਾਬ ਸਰਕਾਰ ਦੀ ਨੁਕਤਾਚੀਨੀ ਕੀਤੀ ਏ । ਉਨ੍ਹਾਂ ਇਲ੍ਜ਼ਾਮ ਲਾਇਆ ਕਿ ਸੂਬੇ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਕਥਿਤ ਬੇਨੇਮੀਆਂ ਦੇ ਬਾਵਜੂਦ, ਅਜੇ ਤੱਕ ਸਪੱਸ਼ਟ ਜਵਾਬਦੇਹੀ ਕਾਇਮ ਨਹੀਂ ਹੋਈ ਏ. ਸ੍ਰੀ ਸਿਰਸਾ ਨੇ ਕਿਹਾ ਕਿ ਜੇਕਰ ਵਿਦਿਆਰਥੀਆਂ ਦੇ ਭਵਿੱਖ ਦੀ ਚਿੰਤਾ ਏ, ਤਾਂ ਇਹ ਸਿਰਫ਼

ਦਿੱਲੀ ਤੱਕ ਸੀਮਤ ਨਹੀਂ ਹੋਣੀ ਚਾਹੀਦੀ; ਪੰਜਾਬ ਦੇ ਨੌਜਵਾਨਾਂ ਨੂੰ ਵੀ ਬਰਾਬਰ ਇਨਸਾਫ਼ ਦਿੱਤਾ ਜਾਣਾ ਚਾਹੀਦਾ ਏ। ਉਨ੍ਹਾਂ ਨੇ ਸਾਰੇ ਕਥਿਤ ਪੇਪਰ ਲੀਕ ਮਾਮਲਿਆਂ ਦੀ ਸਮੇਂ ਸਿਰ ਅਤੇ ਨਿਰਪੱਖ ਜਾਂਚ, ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਅਤੇ ਨੈਤਿਕ ਜ਼ਿੰਮੇਵਾਰੀ ਦੇ ਆਧਾਰ 'ਤੇ ਪੰਜਾਬ ਦੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਵਿਦਿਆਰਥੀਆਂ ਦੇ ਭਵਿੱਖ ਦੀ ਗੱਲ ਆਉਂਦੀ ਏ ਤਾਂ ਦੋਹਰੇ ਮਾਪਦੰਡ ਨਹੀਂ ਅਪਣਾਏ ਜਾਣੇ ਚਾਹੀਦੇ।

----------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਇੰਡੋਨੇਸ਼ੀਆ ਦੇ ਜਕਾਰਤਾ ਤੋਂ ਪੰਜਾਬ ਦੇ ਇੱਕ ਭਗੌੜੇ ਗੈਂਗਸਟਰ ਨੂੰ ਭਾਰਤ ਵਾਪਿਸ ਡਿਪੋਰਟ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ। ਉਹ ਅੰਤਰਰਾਸ਼ਟਰੀ ਸੰਗਠਿਤ ਅਪਰਾਧ ਵਿੱਚ ਸ਼ਾਮਲ ਸੀ ਅਤੇ ਕਤਲ ਅਤੇ ਹਥਿਆਰਾਂ ਬਾਰੇ ਕਾਨੂੰਨ ਸਮੇਤ ਕਈ ਘਿਨਾਉਣੇ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। 'ਨੋਮੈਡ ਹੰਟ' ਨਾਂ ਦੀ ਇਸ ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ, ਪੁਲਿਸ ਡਾਇਰੈਕਟਰ ਜਨਰਲ, ਗੌਰਵ ਯਾਦਵ ਨੇ ਕਿਹਾ ਕਿ ਰਾਜ ਪੁਲਿਸ ਦੀ ਗੈਂਗਸਟਰ ਵਿਰੋਧੀ ਟਾਸਕ ਫੋਰਸ (AGTF) ਅਤੇ Overseas Fugitive Tracking and Extradition Cell (OFTEC) ਪਿਛਲੇ 6 ਮਹੀਨਿਆਂ ਤੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ

ਏਜੰਸੀਆਂ ਨਾਲ ਨੇੜਿਓਂ ਤਾਲਮੇਲ ਕਰਕੇ ਗੈਂਗਸਟਰ ਜੋਬਨਜੀਤ ਸਿੰਘ ਦਾ ਪਤਾ ਲਾ ਰਹੇ ਸਨ. ਉਨ੍ਹਾਂ ਕਿਹਾ ਕਿ ਮੁਲਜ਼ਮ ਕਈ ਦੇਸ਼ਾਂ ਵਿੱਚ ਕੰਮ ਕਰਕੇ ਗ੍ਰਿਫਤਾਰੀ ਤੋਂ ਬਚ ਰਿਹਾ ਸੀ। ਉਹ ਪੰਜਾਬ ਵਿੱਚ ਦਰਜ ਕਤਲ ਦੇ ਚਾਰ ਮਾਮਲਿਆਂ ਵਿੱਚ ਲੋੜੀਂਦਾ ਸੀ।

-----------------------------------------------------------

ਸੂਬੇ ਵਿਚ ਮੁਢਲੀਆਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦਿਹਾਤੀ ਦੇ ਵਿਕਾਸ ਨਗਰ (ਨੇੜੇ ਸਿਉਣਾ ਚੌਂਕ) ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕਰਦਿਆਂ ਕਿਹਾ ਕਿ ਸੂਬੇ ਭਰ ਵਿਚ 100 ਨਵੇਂ ਆਮ ਆਦਮੀ ਕਲਿਨਿਕਾਂ ਦੀ ਸ਼ੁਰੂਆਤ ਨਾਲ ਹੁਣ ਪੰਜਾਬ ਵਿੱਚ ਇਨ੍ਹਾਂ ਕਲੀਨਿਕਾਂ ਦੀ ਗਿਣਤੀ 1,090 ਹੋ ਗਈ ਏ। ਇਸ ਮੌਕੇ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਹਰ ਨਾਗਰਿਕ ਨੂੰ ਆਪਣੇ ਘਰ ਦੇ ਨੇੜੇ ਹੀ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਹੋਣ। ਇਸ ਮੌਕੇ ਮੌਜੂਦ ਅਧਿਕਾਰੀਆਂ ਅਤੇ ਸਥਾਨਕ ਲੋਕਾਂ ਨੇ ਪੰਜਾਬ ਸਰਕਾਰ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਲਈ ਸਹਾਇਤ ਸਾਬਤ ਹੋ ਰਹੇ ਨੇ |

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 136ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

-----------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ,ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆ ਨੇ ਬੀਤੇ ਦਿਨੀ ਲੰਬੀ ਵਿਧਾਨ ਸਭਾ ਹਲਕੇ ਦੇ ਪਿੰਡ ਮਾਹੂਆਣਾ ਅਤੇ ਦਿਓਣ ਖੇੜਾ ਵਿਖੇਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਇਹਨਾਂ ਸਮੱਸਿਆਵਾਂ  ਤੇ ਜਲਦ ਨਿਪਟਾਰੇ ਲਈ ਸਬੰਧਿਤ ਅਧਿਕਾਰੀਆਂ ਨੂੰ

ਦਿਸ਼ਾ ਨਿਰਦੇਸ਼ ਦਿੱਤੇ। ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੀ ਨਵੀਂ ਰਵਾਇਤ ਸ਼ੁਰੂ ਕੀਤੀ ਏ, ਜਿਸ ਵਿੱਚ ਹਰ ਪੈਸਾ ਲੋਕ ਭਲਾਈ ਲਈ ਖਰਚਿਆ ਜਾ ਰਿਹਾ ਏ।

---------------------------------------------------------

ਸਾਬਕਾ ਫੌਜੀਆਂ ਦੀ ਜਥੇਬੰਦੀ 'ਐਕਸ ਸਰਵਿਸਮੈਨ ਵੈਲਫੇਅਰ ਯੂਨੀਅਨ ਕੋਟਕਪੂਰਾ' ਦੇ ਸਥਾਨਕ ਮੁੱਖ ਦਫਤਰ ਵਿਖੇ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ. ਇਸ ਮੌਕੇ ਓਹਨਾਂ ਆਖਿਆ ਕਿ ਸਾਡਾ ਦੇਸ਼, ਪੰਜਾਬ ਅਤੇ ਸਮਾਜ ਫੌਜੀ ਵੀਰਾਂ ਦਾ ਅਤੇ ਉਹਨਾਂ ਦੇ ਪਰਿਵਾਰਾਂ ਦਾ ਦੇਣਾ ਨਹੀਂ ਦੇ ਸਕਦਾ। ਉਨਾ ਫੌਜੀ ਵੀਰਾਂ ਦੀ ਮਿਹਨਤ, ਲਗਨ, ਈਮਾਨਦਾਰੀ ਅਤੇ ਕੁਰਬਾਨੀ ਦੇ ਜਜ਼ਬੇ ਦੀਆਂ ਅਨੇਕਾਂ ਉਦਾਹਰਨਾਂ ਦਿੰਦਿਆਂ ਦੱਸਿਆ ਕਿ ਅੱਜ 'ਆਮ ਆਦਮੀ ਪਾਰਟੀ' ਦੀ ਸਰਕਾਰ ਵੱਲੋਂ ਵੀ ਫੌਜੀ ਵੀਰਾਂ ਦਾ ਮਾਣ-ਸਤਿਕਾਰ ਬਰਕਰਾਰ ਰੱਖਿਆ ਜਾ ਰਿਹਾ ਏ। ਸ਼੍ਰੀ ਸੰਧਵਾ ਨੇ 15 ਅਗਸਤ ਅਤੇ 26 ਜਨਵਰੀ ਵਾਲੇ ਇਤਿਹਾਸਕ ਦਿਨਾਂ ਮੌਕੇ ਹੋਣ ਵਾਲੇ ਸਰਕਾਰੀ ਸਮਾਗਮਾਂ ਵਿੱਚ ਫੌਜੀ ਵੀਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬਣਦਾ ਮਾਨ ਸਤਿਕਾਰ ਪ੍ਰਸ਼ਾਸ਼ਨ ਵੱਲੋਂ ਦੇਣ ਦਾ ਭਰੋਸਾ ਦਿਵਾਇਆ। ਜਥੇਬੰਦੀ ਵੱਲੋਂ ਰੱਖੀਆਂ ਸਾਰੀਆਂ ਮੰਗਾਂ ਪ੍ਰਵਾਨ ਕਰਦਿਆਂ ਸਪੀਕਰ ਨੇ ਕਿਹਾ ਕਿ ਕੁਝ ਦਿਨਾਂ ਬਾਅਦ

ਸਾਬਕਾ ਫੌਜੀਆਂ ਦੀ ਜਥੇਬੰਦੀ ਨੂੰ ਆਪਣਾ ਦਫਤਰ ਨਵਿਆਉਣ, ਅਤੇ ਹੋਰ ਸਹੂਲਤਾਂ ਸਬੰਧੀ ਬਣਦੀ ਰਕਮ ਦਾ ਚੈੱਕ ਪਹੁੰਚਦਾ ਕਰ ਦਿੱਤਾ ਜਾਵੇਗਾ।

----------------------------------------------------

ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨੋਲੋਜੀ (ਐਨਆਈਟੀ) ਜਲੰਧਰ ਵੱਲੋਂ ਭਾਰਤੀ ਗੁਣਵੱਤਾ ਪਰਿਸ਼ਦ (QCI) ਦੇ ਅਧੀਨ ਕੰਮ ਕਰ ਰਹੇ ਨੈਸ਼ਨਲ ਐਕ੍ਰੈਡਿਟੇਸ਼ਨ ਬੋਰਡ ਫਾਰ ਟੈਸਟਿੰਗ ਐਂਡ ਕੈਲੀਬ੍ਰੇਸ਼ਨ ਲੈਬੋਰਟਰੀਜ਼ (ਐਨਏਬੀਐਲ) ਦੇ ਸਹਿਯੋਗ ਨਾਲ "ਐਨਏਬੀਐਲ ਜਾਗਰੂਕਤਾ ਵਰਕਸ਼ਾਪ" ਕਰਵਾਈ ਗਈ। ਇਹ ਵਰਕਸ਼ਾਪ ਸੰਸਥਾ ਦੇ ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਦੀ ਪਹਿਲ 'ਤੇ ਕਰਵਾਈ ਗਈ | ਇਸ ਦਾ ਮਕਸਦ ਸੰਸਥਾ ਦੀਆਂ ਵੱਖ-ਵੱਖ ਲੈਬੋਰਟਰੀਆਂ ਨੂੰ ਐਨਏਬੀਐਲ ਮਾਨਤਾ ਦਿਵਾਉਣ ਲਈ ਜਾਗਰੂਕਤਾ ਪੈਦਾ ਕਰਨਾ ਅਤੇ ਲੈਬਾਂ ਵਿੱਚ ਗੁਣਵੱਤਾ ਦੇ ਮਿਆਰ ਹੋਰ ਮਜ਼ਬੂਤ ਕਰਨਾ ਹੈ, ਤਾਂ ਜੋ ਉਨ੍ਹਾਂ ਨੂੰ ਦੇਸ਼ ਅਤੇ ਵਿਦੇਸ਼ ਵਿੱਚ ਵਧੀਆ ਪਛਾਣ ਮਿਲ ਸਕੇ|

----------------------------------------------------

ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ਕਾਰਨ ਲਗਾਤਾਰ ਛੇ ਦਿਨਾਂ ਤੱਕ ਮੁਅੱਤਲ ਰਹਿਣ ਤੋਂ ਬਾਅਦ ਸ਼੍ਰੀ ਮਾਤਾ ਵੈਸ਼ਨੋ ਦੇਵੀ ਯਾਤਰਾ ਅੱਜ ਮੁੜ

ਸ਼ੁਰੂ ਹੋ ਗਈ। ਰਸਤੇ 'ਤੇ ਲਗਾਤਾਰ ਬਾਰਿਸ਼, ਜ਼ਮੀਨ ਖਿਸਕਣ ਅਤੇ ਅਚਾਨਕ ਹੜ੍ਹਾਂ ਦੇ ਜੋਖਮ ਕਾਰਨ ਯਾਤਰਾ ਨੂੰ ਰੋਕ ਦਿੱਤਾ ਗਿਆ ਸੀ।

---------------------------------------------------

ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ ਵਿੱਚ ਕੁਝ ਥਾਵਾਂ 'ਤੇ ਭਾਰੀ ਮੀਂਹ ਪੈਣ ਦੀ ਉਮੀਦ ਜਤਾਈ ਏ । ਹਰਿਆਣਾ, ਤੇ ਚੰਡੀਗੜ੍ਹ ਵਿੱਚ ਵੀ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਏ. ਹਿਮਾਚਲ ਪ੍ਰਦੇਸ਼ ਵਿੱਚ ਵੀ ਇਸ ਮਹੀਨੇ ਦੀ 28 ਤਰੀਕ ਤੱਕ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਉਮੀਦ ਏ ।

---------------------------------------------------

ਹੁਣੇ ਹੁਣੇ ਮਿਲੀ ਖ਼ਬਰ ਮੁਤਾਬਕ ਸਰਕਾਰ ਵੱਲੋਂ ਇਸ ਦੀਆਂ ਮੰਗਾਂ ਮੰਨਣ ਤੋਂ ਬਾਅਦ ਸੀਜੇਪੀ ਨੇ ਆਪਣਾ ਅੰਦੋਲਨ ਵਾਪਸ ਲੈ ਲਿਆ ਹੈ। ਕੇਂਦਰੀ ਮੰਤਰੀ ਜੇਪੀ ਨੱਡਾ ਅਤੇ ਡਾ. ਜਿਤੇਂਦਰ ਸਿੰਘ ਨੇ ਅੱਜ ਸੀਜੇਪੀ ਵਫ਼ਦ ਨਾਲ ਤੀਜੇ ਗੇੜ ਦੀ ਗੱਲਬਾਤ ਕੀਤੀ ਜਿਸ ਵਿੱਚ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰਾਂ ਅਤੇ ਪੇਪਰ ਲੀਕ ਨੂੰ ਰੋਕਣ ਦੇ ਉਪਾਵਾਂ ਦੀਆਂ ਮੰਗਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਬਾਅਦ ਵਿੱਚ ਨਵੀਂ ਦਿੱਲੀ ਵਿੱਚ ਸੀਜੇਪੀ ਵਫ਼ਦ ਨਾਲ ਇੱਕ ਸਾਂਝੀ ਪ੍ਰੈਸ ਕਾਨਫਰੰਸ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਮੀਟਿੰਗ ਦੌਰਾਨ, ਸਰਕਾਰ ਸੀਜੇਪੀ ਦੀਆਂ ਮੰਗਾਂ ਨਾਲ ਸਹਿਮਤ ਹੋ ਗਈ ਕਿ ਪ੍ਰਦਰਸ਼ਨਕਾਰੀਆਂ ਵਿਰੁੱਧ ਕੋਈ ਕਾਰਵਾਈ ਨਹੀਂ

ਕੀਤੀ ਜਾਣੀ ਚਾਹੀਦੀ ਅਤੇ ਉਨ੍ਹਾਂ ਵਿਰੁੱਧ ਕੋਈ ਐਫਆਈਆਰ ਦਰਜ ਨਹੀਂ ਕੀਤੀ ਜਾਣੀ ਚਾਹੀਦੀ।

---------------------------------------------------------------

ਭਾਰਤ ਨੇ ਗਲਾਸਗੋ ਵਿੱਚ ਰਾਸ਼ਟਰਮੰਡਲ ਖੇਡਾਂ ਵਿੱਚ ਆਪਣਾ ਪਹਿਲਾ ਤਮਗਾ ਜਿੱਤਿਆ ਏ. ਝੰਡੂ ਕੁਮਾਰ ਨੇ ਮਰਦਾਂ ਦੇ ਹੈਵੀਵੇਟ ਪੈਰਾ-ਵੇਟਲਿਫਟਿੰਗ ਮੁਕਾਬਲੇ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਓਹਨਾਂ 190 ਕਿਲੋਗ੍ਰਾਮ ਭਾਰ ਚੁੱਕਿਆ ਅਤੇ ਤੀਜਾ ਸਥਾਨ ਹਾਸਿਲ ਕੀਤਾ। ਆਪਣੀ ਖੁਸ਼ੀ ਜ਼ਾਹਿਰ ਕਰਦਿਆਂ, ਓਹਨਾਂ ਆਪਣੇ ਕੋਚ ਅਤੇ ਟ੍ਰੇਨਰਾਂ ਦਾ ਧੰਨਵਾਦ ਕੀਤਾ

---------------------------------------------------------------

- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਆਪਣਾ ਅਸਤੀਫ਼ਾ ਸੌਂਪ ਦਿੱਤਾ ਏ।

- ਸਰਕਾਰ ਵੱਲੋਂ ਸੀਜੇਪੀ ਦੀਆਂ ਮੰਗਾਂ ਮੰਨ ਲਏ ਜਾਣ ਤੋਂ ਬਾਅਦ ਪਾਰਟੀ ਨੇ ਦਿੱਲੀ ਵਿਖੇ ਚਲ ਰਿਹਾ ਆਪਣਾ ਅੰਦੋਲਨ ਵਾਪਸ ਲੈ ਲਿਆ ਏ।

- ਪੰਜਾਬ ਪੁਲਿਸ ਨੇ ਵੱਡੀ ਸਫਲਤਾ ਹਾਸਿਲ ਕਰਦਿਆਂ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਇੰਡੋਨੇਸ਼ੀਆ ਦੇ ਜਕਾਰਤਾ ਤੋਂ ਪੰਜਾਬ ਦੇ ਇੱਕ ਭਗੌੜੇ ਗੈਂਗਸਟਰ ਨੂੰ ਭਾਰਤ ਵਾਪਿਸ ਡਿਪੋਰਟ ਕਰਾਇਆ ਏ.

- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਨਾਗਰਿਕ ਨੂੰ ਆਪਣੇ ਘਰ ਦੇ ਨੇੜੇ ਹੀ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਕਰਾਉਣ ਯਕੀਨੀ ਬਣਾਉਣਾ ਏ .

- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ ਵਿੱਚ ਕੁਝ ਥਾਵਾਂ 'ਤੇ ਭਾਰੀ ਮੀਂਹ ਪੈਣ ਦੀ ਉਮੀਦ ਜਤਾਈ ਏ ।

- ਗਲਾਸਗੋ ਵਿੱਚ ਰਾਸ਼ਟਰਮੰਡਲ ਖੇਡਾਂ ਵਿੱਚ ਭਾਰਤ ਲਈ ਪਹਿਲਾ ਤਮਗਾ ਜਿੱਤਦਿਆਂ, ਝੰਡੂ ਕੁਮਾਰ ਨੇ ਮਰਦਾਂ ਦੇ ਹੈਵੀਵੇਟ ਪੈਰਾ-ਵੇਟਲਿਫਟਿੰਗ ਮੁਕਾਬਲੇ ਵਿੱਚ ਕਾਂਸੀ ਦਾ ਤਮਗਾ ਹਾਸਿਲ ਕੀਤਾ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਝੰਡੂ ਕੁਮਾਰ ਨੂੰ ਵਧਾਈ ਦਿੱਤੀ ਏ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**